# Punjab Board

# SYLLABUS

## 2024-2025

# ਸਿਲੇਬਸ- ਖੇਤੀਬਾੜੀ
# ਸੈਸ਼ਨ 2024-25
# ਸ਼੍ਰੇਣੀ : ਦਸਵੀਂ

## ਲਿਖਤੀ ਪਾਠਕ੍ਰਮ

1. **ਖੇਤੀਬਾੜੀ ਸਹਿਯੋਗੀ ਸੰਸਥਾਵਾਂ :** ਰਾਜ, ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ ਤੇ ਵੱਖ-ਵੱਖ ਖੇਤੀਬਾੜੀ ਸਹਿਯੋਗੀ ਸੰਸਥਾਵਾਂ ਅਤੇ ਉਨ੍ਹਾਂ ਦਾ ਖੇਤੀਬਾੜੀ ਦੇ ਵਿਕਾਸ ਵਿੱਚ ਯੋਗਦਾਨ।
2. **ਖੇਤੀ ਗਿਆਨਵਿਗਿਆਨ ਦਾ ਸੋਮਾ ਪੰਜਾਬ ਐਗਰੀਕਲਚਰਲ ਯੂਨੀਵਰਸਿਟੀ :** ਸਥਾਪਨਾ, ਉਦੇਸ਼ ਅਤੇ ਗਤੀਵਿਧੀਆਂ ਆਦਿ ਸਬੰਧੀ ਜਾਣਕਾਰੀ। ਖੇਤੀਬਾੜੀ ਸਿੱਖਿਆ, ਖੋਜ ਅਤੇ ਪਸਾਰ ਦੇ ਖੇਤਰ ਵਿੱਚ ਯੋਗਦਾਨ।
3. **ਹਾੜ੍ਹੀ ਦੀਆਂ ਫ਼ਸਲਾਂ :** ਹਾੜ੍ਹੀ ਦੀਆਂ ਅਨਾਜ ਵਾਲੀਆਂ ਫ਼ਸਲਾਂ : ਕਣਕ ਅਤੇ ਜੌਂ, ਦਾਲ ਵਾਲੀਆਂ ਫ਼ਸਲਾਂ : ਛੋਲੇ ਅਤੇ ਮਸਰ, ਤੇਲ ਬੀਜ ਫ਼ਸਲਾਂ : ਰਾਇਆ, ਗੋਭੀ ਸਰੋਂ ਅਤੇ ਸੂਰਜਮੁਖੀ, ਚਾਰੇ ਵਾਲੀਆਂ ਫ਼ਸਲਾਂ : ਬਰਸੀਮ ਅਤੇ ਜਵੀਂ ਦੀ ਕਾਸ਼ਤ ਸਬੰਧੀ ਜਾਣਕਾਰੀ।
4. **ਸਰਦੀਆਂ ਦੀਆਂ ਸਬਜ਼ੀਆਂ ਦੀ ਕਾਸ਼ਤ :** ਸਬਜ਼ੀਆਂ ਦਾ ਮਹੱਤਵ ਅਤੇ ਮੁੱਢਲੀ ਜਾਣਕਾਰੀ। ਸਰਦੀਆਂ ਦੀਆਂ ਸਬਜ਼ੀਆਂ ਗਾਜਰ, ਮੂਲ਼ੀ, ਮਟਰ, ਫੁੱਲ ਗੋਭੀ, ਬੰਦ ਗੋਭੀ, ਬਰੌਕਲੀ, ਚੀਨੀ ਬੰਦ ਗੋਭੀ ਅਤੇ ਆਲੂ ਦੀ ਕਾਸ਼ਤ ਸਬੰਧੀ ਜਾਣਕਾਰੀ।
5. **ਫਲ਼ਦਾਰ ਪੌਦਿਆਂ ਦੀ ਕਾਸ਼ਤ :** ਮਨੁੱਖੀ ਭੋਜਨ ਵਿੱਚ ਫਲ਼ਾਂ ਦਾ ਮਹੱਤਵ, ਜਲਵਾਯੂ ਦੇ ਅਧਾਰ ਤੇ ਇਲਾਕਿਆਂ ਦੀ ਵੰਡ, ਬਾਗ਼ ਲਗਾਉਣ ਦਾ ਸਮਾਂ, ਮਿੱਟੀ, ਪਾਣੀ, ਵਿਉਂਤਬੰਦੀ, ਬੂਟੇ ਲਗਾਉਣ ਦਾ ਢੰਗ, ਉੱਨਤ ਕਿਸਮਾਂ, ਫ਼ਾਸਲਾ, ਨਰਸਰੀ ਤੋਂ ਬੂਟਿਆਂ ਦੀ ਚੋਣ, ਖਾਦਾਂ ਦੀ ਵਰਤੋਂ, ਸਿੰਚਾਈ, ਸੁਧਾਈ, ਕਾਂਟਛਾਂਟ, ਫਲ਼ਾਂ ਦੀ ਤੁੜਾਈ ਆਦਿ ਸਬੰਧੀ ਜਾਣਕਾਰੀ।
6. **ਵਣ ਖੇਤੀ :** ਵਣ ਖੇਤੀ ਦੀ ਮਹੱਤਤਾ, ਮੁੱਖ ਮਾਡਲ, ਦਰੱਖਤਾਂ ਦੀ ਚੋਣ, ਵਪਾਰਕ ਵਣ ਖੇਤੀ, ਪਾਪੂਲਰ ਅਤੇ ਸਫ਼ੈਦੇ ਸਬੰਧੀ ਵਿਸਥਾਰ ਪੂਰਵਕ ਜਾਣਕਾਰੀ।
7. **ਆਰਥਿਕ ਵਿਕਾਸ ਵਿੱਚ ਖੇਤੀ ਦਾ ਯੋਗਦਾਨ :** ਕੁੱਲ ਘਰੇਲੂ ਆਮਦਨ ਵਿੱਚ ਹਿੱਸੇਦਾਰੀ, ਉਦਯੋਗਿਕ ਵਿਕਾਸ ਵਿੱਚ ਖੇਤੀਬਾੜੀ ਤੇ ਨਿਰਭਰਤਾ, ਸੇਵਾਵਾਂ ਖੇਤਰ, ਹਰਾ ਇਨਕਲਾਬ, ਆਤਮਨਿਰਭਰ ਦੇਸ, ਲੋਕ ਵਿਤਰਨ ਪ੍ਰਣਾਲੀ, ਭੋਜਨ ਸੁਰੱਖਿਆ ਐਕਟ , ਅੰਤਰ ਰਾਸ਼ਟਰੀ ਵਪਾਰ ਅਤੇ ਸਰਕਾਰ ਦੀ ਆਮਦਨ ਵਿੱਚ ਵਾਧੇ ਆਦਿ ਸਬੰਧੀ ਜਾਣਕਾਰੀ।
8. **ਖੇਤੀ ਅਧਾਰਿਤ ਉਦਯੋਗਿਕ ਧੰਦੇ :** ਛੋਟੇ ਅਤੇ ਵੱਡੇ ਪੱਧਰ ਤੇ ਫੂਡ ਪ੍ਰੋਸੈਸਿੰਗ ਇਕਾਈਆਂ ਲਗਾਉਣ ਸਬੰਧੀ ਜਾਣਕਾਰੀ।
9. **ਤਸਦੀਕਸ਼ੁਦਾ ਬੀਜ ਉਤਪਾਦਨ :** ਹਰੀ ਕ੍ਰਾਂਤੀ ਵਿੱਚ ਉੱਨਤ ਬੀਜਾਂ ਦਾ ਯੋਗਦਾਨ, ਬੀਜਾਂ ਦੇ ਬਾਹਰੀ ਦਿੱਖ ਵਾਲੇ ਗੁਣ, ਫ਼ਸਲਾਂ ਦੇ ਜੱਦੀ-ਪੁਸ਼ਤੀ ਗੁਣ, ਤਸਦੀਕਸ਼ੁਦਾ ਬੀਜ ਦੀ ਪਰਿਭਾਸ਼ਾ, ਗੁਣ, ਨਿਸ਼ਾਨੀਆਂ, ਬੀਜ ਕਾਨੂੰਨ

1966, ਬੀਜਾਂ ਦੀਆਂ ਸ਼੍ਰੇਣੀਆਂ, ਮਿਆਰ, ਉਤਪਾਦਨ, ਸਰਕਾਰੀ ਸੰਸਥਾਵਾਂ ਵੱਲੋਂ ਸਹੂਲਤਾਂ, ਲਾਭਹਾਨੀ ਦੀ ਸੰਭਾਵਨਾਵਾਂ ਅਤੇ ਮੰਡੀਕਰਨ।

10. **ਫ਼ਸਲਾਂ ਲਈ ਹਾਨੀਕਾਰਕ ਅਤੇ ਲਾਭਦਾਇਕ ਜੀਵ :** ਫ਼ਸਲਾਂ ਲਈ ਲਾਭਦਾਇਕ ਪੰਛੀ ਨੀਲ ਕੰਠ, ਟਟੀਹਰੀ, ਗਾਏ ਬਗਲਾ, ਤੋਤਾ, ਉੱਲੂ, ਚੁਗ਼ਲ ਅਤੇ ਚੱਕੀਰਾਹਾ ਆਦਿ ਸਬੰਧੀ ਜਾਣਕਾਰੀ ਅਤੇ ਉਨ੍ਹਾਂ ਨੂੰ ਬਚਾਉਣ ਨੂੰ ਕੀਤੇ ਜਾਣ ਵਾਲੇ ਉਪਰਾਲੇ। ਫ਼ਸਲਾਂ ਲਈ ਹਾਨੀਕਾਰਕ ਪੰਛੀ ਤੋਤਾ, ਘੁੱਗੀ, ਕਬੂਤਰ ਅਤੇ ਬਿਜੜੇ ਆਦਿ ਤੋਂ ਬਚਾਓ ਦੇ ਤਰੀਕੇ। ਹਾਨੀਕਾਰਕ ਜੰਤੂ ਚੂਹਿਆਂ ਦੀਆਂ ਵੱਖਵੱਖ ਕਿਸਮਾਂ ਅਤੇ ਇਨ੍ਹਾਂ ਦੀ ਰੋਕਥਾਮ ਸਬੰਧੀ ਜਾਣਕਾਰੀ।
11. **ਪੌਦਾ ਰੋਗ ਨਿਵਾਰਨ ਕਲੀਨਿਕ :** ਪਲਾਂਟ ਕਲੀਨਿਕ ਦੀ ਪਰਿਭਾਸ਼ਾ, ਲਾਭ, ਪਲਾਂਟ ਕਲੀਨਿਕ ਸਥਾਪਿਤ ਕਰਨ ਲਈ ਲੋੜੀਂਦੀ ਸਮੱਗਰੀ ਦੀ ਵਿਸਥਾਰ ਪੂਰਵਕ ਜਾਣਕਾਰੀ।

## ਪ੍ਰਯੋਗੀ ਪਾਠਕ੍ਰਮ

1. ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਗੁਰੂ ਅੰਗਦ ਦੇਵ ਵੈਟਰਨਰੀ ਅਤੇ ਐਨੀਮਲ ਸਾਇੰਸਜ਼ ਯੂਨੀਵਰਸਿਟੀ ਅਤੇ ਹੋਰ ਖੇਤੀ ਸੰਸਥਾਵਾਂ ਦਾ ਦੌਰਾ ਕਰ ਕੇ ਲਾਹੇਵੰਦ ਜਾਣਕਾਰੀ ਪ੍ਰਾਪਤ ਕਰਨਾ।
2. ਵੱਖ-ਵੱਖ ਖੇਤੀ ਸੰਸਥਾਵਾਂ ਵੱਲੋਂ ਲਗਾਏ ਜਾਣ ਵਾਲੇ ਕਿਸਾਨ ਮੇਲਿਆਂ ਅਤੇ ਪਸ਼ੂ ਮੇਲਿਆਂ ਵਿੱਚ ਸ਼ਮੂਲੀਅਤ ਕਰ ਕੇ ਸੁਧਰੇ ਬੀਜਾਂ, ਖੇਤੀ ਸਾਹਿਤ, ਨਵੀਨਤਮ ਖੇਤੀ ਮਸ਼ੀਨਰੀ ਅਤੇ ਪਸ਼ੂ ਪਾਲਣ ਆਦਿ ਸਬੰਧੀ ਜਾਣਕਾਰੀ ਲੈਣਾ।
3. ਦਸੰਬਰ ਮਹੀਨੇ ਵਿੱਚ ਖੇਤਾਂ ਵਿੱਚ ਜਾ ਕੇ ਹਾੜ੍ਹੀ ਦੀਆਂ ਫ਼ਸਲਾਂ ਦੀ ਖੇਤੀ ਦੇ ਢੰਗਾਂ ਬਾਰੇ ਜਾਣਕਾਰੀ ਲੈਣਾ।
4. ਪੰਜਾਬ ਖੇਤੀਬਾੜੀ ਯੂਨੀਵਰਸਿਟੀ ਜਾਂ ਬਾਗ਼ਬਾਨੀ ਵਿਭਾਗ ਤੋਂ ਸਬਜ਼ੀਆਂ ਦੇ ਸੁਧਰੇ ਬੀਜਾਂ ਦੀ ਕਿੱਟ ਲੈ ਕੇ ਸਕੂਲ ਜਾਂ ਘਰੇਲੂ ਬਗੀਚੀ ਵਿੱਚ ਜ਼ਹਿਰ-ਰਹਿਤ ਸਬਜ਼ੀਆਂ ਉਗਾਉਣਾ।
5. ਬਾਗ਼ਾਂ ਦਾ ਦੌਰਾ ਕਰ ਕੇ ਵੱਖ-ਵੱਖ ਫ਼ਲਦਾਰ ਪੌਦਿਆਂ ਦੀ ਕਾਸ਼ਤ ਸਬੰਧੀ ਜਾਣਕਾਰੀ ਪ੍ਰਾਪਤ ਕਰਨਾ।
6. ਫ਼ਸਲਾਂ, ਸਬਜ਼ੀਆਂ, ਫੁੱਲਾਂ, ਫਲਦਾਰ ਪੌਦਿਆਂ ਅਤੇ ਉਨ੍ਹਾਂ ਦੇ ਬੀਜਾਂ ਦੀ ਪਹਿਚਾਣ ਕਰਨਾ।
7. ਜੰਗਲਾਤ ਵਿਭਾਗ ਦੀਆਂ ਨਰਸਰੀਆਂ ਵਿੱਚ ਜਾ ਕੇ ਜੰਗਲਾਤ ਪੌਦਿਆਂ ਬਾਰੇ ਜਾਣਕਾਰੀ ਪ੍ਰਾਪਤ ਕਰਨਾ।
8. ਸਕੂਲ ਵਿੱਚ ਰੁੱਖ ਲਗਾ ਕੇ ਉਨ੍ਹਾਂ ਦੀ ਸੁਚੱਜੀ ਦੇਖਭਾਲ ਕਰਨਾ।
9. ਵੱਖ-ਵੱਖ ਖੇਤੀ ਸਹਾਇਕ ਧੰਦੇ ਅਪਣਾਉਣ ਵਾਲੇ ਅਗਾਂਹ ਵਧੂ ਕਿਸਾਨਾਂ ਦੇ ਫਾਰਮਾਂ ਦਾ ਦੌਰਾ ਕਰਨਾ।
10. ਫ਼ਸਲਾਂ ਲਈ ਲਾਭਦਾਇਕ ਅਤੇ ਹਾਨੀਕਾਰਕ ਜੀਵਾਂ ਦਾ ਚਾਰਟ ਬਣਾਉਣਾ।
11. ਬਿਮਾਰ ਪੌਦਿਆਂ, ਫ਼ਸਲੀ ਕੀੜੇ ਅਤੇ ਖ਼ੁਰਾਕ ਤੱਤਾਂ ਦੀ ਘਾਟ ਵਾਲੇ ਪੌਦਿਆਂ ਦੀ ਸ਼ਨਾਖ਼ਤ ਕਰ ਕੇ ਚਾਰਟ ਆਦਿ ਤਿਆਰ ਕਰਨਾ। ਕਿਸੇ ਨੇੜਲੇ ਪਲਾਂਟ ਕਲੀਨਿਕ ਦਾ ਦੌਰਾ ਕਰਕੇ ਜਾਣਕਾਰੀ ਪ੍ਰਾਪਤ ਕਰਨਾ।

# Study Materials

aglasem.com

## Model Papers

Sample Papers

Half Yearly Sample Papers

## Important Resources

Periodic Table

Writing Skills / Formats

Maps of India / World

## Notes

- [ ] Class 6 Notes
- [ ] Class 7 Notes
- [ ] Class 8 Notes
- [ ] Class 9 Notes
- [ ] Class 10 Notes
- [ ] Class 11 Notes
- [ ] Class 12 Notes

## Books and Solutions

NCERT Books

NCERT Book Solutions

HC Verma Chapter Wise Solutions

RD Sharma Solutions

CGBSE Solutions